ਮਾਝ ਮਹਲਾ ੫ ॥ ਜੀਅ ਪ੍ਰਾਣ ਪ੍ਰਭ ਮਨਹਿ ਅਧਾਰਾ ॥ ਭਗਤ ਜੀਵਹਿ ਗੁਣ ਗਾਇ ਅਪਾਰਾ ॥ ਗੁਣ ਨਿਧਾਨ ਅੰਮ੍ਰਿਤੁ ਹਰਿ ਨਾਮਾ ਹਰਿ ਧਿਆਇ ਧਿਆਇ ਸੁਖੁ ਪਾਇਆ ਜੀਉ ॥੧॥ ਮਨਸਾ ਧਾਰਿ ਜੋ ਘਰ ਤੇ ਆਵੈ ॥ ਸਾਧਸੰਗਿ ਜਨਮੁ ਮਰਣੁ ਮਿਟਾਵੈ ॥ ਆਸ ਮਨੋਰਥੁ ਪੂਰਨੁ ਹੋਵੈ ਭੇਟਤ ਗੁਰ ਦਰਸਾਇਆ ਜੀਉ ॥੨॥ ਅਗਮ ਅਗੋਚਰ ਕਿਛੁ ਮਿਤਿ ਨਹੀ ਜਾਨੀ ॥ ਸਾਧਿਕ ਸਿਧ ਧਿਆਵਹਿ ਗਿਆਨੀ ॥ ਖੁਦੀ ਮਿਟੀ ਚੂਕਾ ਭੋਲਾਵਾ ਗੁਰਿ ਮਨ ਹੀ ਮਹਿ ਪ੍ਰਗਟਾਇਆ ਜੀਉ ॥੩॥ ਅਨਦ ਮੰਗਲ ਕਲਿਆਣ ਨਿਧਾਨਾ ॥ ਸੂਖ ਸਹਜ ਹਰਿ ਨਾਮੁ ਵਖਾਨਾ ॥ ਹੋਇ ਕ੍ਰਿਪਾਲੁ ਸੁਆਮੀ ਅਪਨਾ ਨਾਉ ਨਾਨਕ ਘਰ ਮਹਿ ਆਇਆ ਜੀਉ ॥੪॥੨੫॥੩੨॥ {ਪੰਨਾ 103-104}

ਪਦਅਰਥ:- ਜੀਅ—ਜਿੰਦ ਦਾ {ਜੀਉ—ਜਿੰਦ}। ਮਨਹਿ—ਮਨ ਦਾ। ਅਧਾਰਾ—ਆਸਰਾ। ਜੀਵਹਿ—ਆਤਮਕ ਜੀਵਨ ਪ੍ਰਾਪਤ ਕਰਦੇ ਹਨ। ਗਾਇ—ਗਾ ਕੇ। ਅਪਾਰਾ—ਬੇਅੰਤ ਪ੍ਰਭੂ ਦੇ ਗੁਣ। ਨਿਧਾਨੁ—ਗੁਣਾਂ ਦਾ ਖ਼ਜ਼ਾਨਾ। ਅੰਮ੍ਰਿਤ—ਆਤਮਕ ਮੌਤ ਤੋਂ ਬਚਾਣ ਵਾਲਾ।

ਮਨਸਾ—{mnl—w} ਤਾਂਘ। ਧਾਰਿ—ਧਾਰ ਕੇ, ਕਰ ਕੇ। ਤੇ—ਤੋਂ। ਸਾਧਸੰਗਿ—ਸਾਧ ਸੰਗਤਿ ਵਿਚ। ਭੇਟਤ—ਮਿਲਿਆਂ।2।

ਮਿਤਿ—{ਮਾ—ਮਿਣਨਾ} ਮਾਪ, ਅੰਦਾਜ਼ਾ, ਵਡੱਪਣ ਦਾ ਅੰਦਾਜ਼ਾ। ਸਾਧਿਕ—ਸਾਧਨਾ ਕਰਨ ਵਾਲੇ। ਸਿਧ—ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਖੁਦੀ—ਹਉਮੈ, ਖ਼ੁਦੀ। ਚੂਕਾ—ਮੁੱਕ ਗਿਆ। ਭੋਲਾਵਾ—ਭੁਲੇਖਾ। ਗੁਰਿ—ਗੁਰੂ ਨੇ। ਮਹਿ—ਵਿਚ।3।

ਕਲਿਆਣ—ਖ਼ੁਸ਼ੀ, ਵਡ ਭਾਗਤਾ। ਵਖਾਨਾ—ਉਚਾਰਿਆ। ਘਰਿ ਮਹਿ—ਹਿਰਦੇ ਵਿਚ।4।

ਅਰਥ:- ਪਰਮਾਤਮਾ (ਭਗਤ ਜਨਾਂ ਦੀ) ਜਿੰਦ ਦਾ, ਪ੍ਰਾਣਾਂ ਦਾ, ਮਨ ਦਾ, ਆਸਰਾ ਹੈ। ਭਗਤ ਬੇਅੰਤ ਪ੍ਰਭੂ ਦੇ ਗੁਣ ਗਾ ਕੇ ਆਤਮਕ ਜ਼ਿੰਦਗੀ ਹਾਸਲ ਕਰਦੇ ਹਨ। ਪਰਮਾਤਮਾ ਨਾਮ ਦਾ ਗੁਣਾਂ ਦਾ ਖ਼ਜ਼ਾਨਾ ਹੈ, ਪਰਮਾਤਮਾ ਦਾ ਨਾਮ ਆਤਮਕ ਮੌਤ ਤੋਂ ਬਚਾਣ ਵਾਲਾ ਹੈ। ਭਗਤ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਆਤਮਕ ਆਨੰਦ ਮਾਣਦੇ ਹਨ।1।

ਜੇਹੜਾ ਮਨੁੱਖ (ਪਰਮਾਤਮਾ ਦੇ ਮਿਲਾਪ ਦੀ) ਤਾਂਘ ਕਰ ਕੇ ਘਰੋਂ ਤੁਰਦਾ ਹੈ ਉਹ ਸਾਧ ਸੰਗਤਿ ਵਿਚ ਆ ਕੇ (ਪ੍ਰਭੂ-ਨਾਮ ਦੀ ਬਰਕਤਿ ਨਾਲ) ਆਪਣਾ ਜਨਮ ਮਰਨ ਦਾ ਗੇੜ ਮੁਕਾ ਲੈਂਦਾ ਹੈ। (ਸਾਧ ਸੰਗਤਿ ਵਿਚ) ਗੁਰੂ ਦਾ ਦਰਸਨ ਕਰ ਕੇ ਉਸ ਦੀ ਇਹ ਆਸ ਪੂਰੀ ਹੋ ਜਾਂਦੀ ਹੈ, ਉਸ ਦਾ ਇਹ ਮਨੋਰਥ ਸਿਰੇ ਚੜ੍ਹ ਜਾਂਦਾ ਹੈ।2।

ਜੋਗ-ਸਾਧਨਾਂ ਕਰਨ ਵਾਲੇ ਜੋਗੀ, ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਗਿਆਨ-ਵਾਨ ਬੰਦੇ ਸਮਾਧੀਆਂ ਲਾਂਦੇ ਹਨ, ਪਰ ਕੋਈ ਮਨੁੱਖ ਇਹ ਪਤਾ ਨਹੀਂ ਕਰ ਸਕਿਆ ਕਿ ਉਹ ਅਪਹੁੰਚ ਪ੍ਰਭੂ ਉਹ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਪ੍ਰਭੂ ਕੇਡਾ ਵੱਡਾ ਹੈ। (ਗੁਰੂ ਦੀ ਸਰਨ ਪੈ ਕੇ) ਜਿਸ ਮਨੁੱਖ ਦੀ ਹਉਮੈ ਦੂਰ ਹੋ ਜਾਂਦੀ ਹੈ, ਜਿਸ ਮਨੁੱਖ ਦਾ (ਆਪਣੀ ਤਾਕਤ ਆਦਿਕ ਦਾ) ਭੁਲੇਖਾ ਮੁਕ ਜਾਂਦਾ ਹੈ, ਗੁਰੂ ਨੇ ਉਸ ਦੇ ਮਨ ਵਿਚ ਹੀ (ਉਸ ਬੇਅੰਤ ਪ੍ਰਭੂ ਦਾ) ਪਰਕਾਸ਼ ਕਰ ਦਿੱਤਾ ਹੈ।3।

ਹੇ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਸ ਦੇ ਹਿਰਦੇ ਵਿਚ ਆਤਮਕ ਆਨੰਦ ਖ਼ੁਸ਼ੀਆਂ ਦੇ ਖ਼ਜ਼ਾਨੇ ਪਰਗਟ ਹੋ ਪੈਂਦੇ ਹਨ, ਉਸ ਦੇ ਅੰਦਰ ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ। ਜਿਸ ਮਨੁੱਖ ਉੱਤੇ ਆਪਣਾ ਮਾਲਕ-ਪ੍ਰਭੂ ਦਇਆਵਾਨ ਹੋ ਜਾਂਦਾ ਹੈ, ਉਸ ਦੇ ਹਿਰਦੇ-ਘਰ ਵਿਚ ਉਸ ਦਾ ਨਾਮ ਵੱਸ ਪੈਂਦਾ ਹੈ।4। 25। 32।